ਬਸੰਤੁ ਮਹਲਾ ੫ ॥ ਮਨ ਤਨ ਭੀਤਰਿ ਲਾਗੀ ਪਿਆਸ ॥ ਗੁਰਿ ਦਇਆਲਿ ਪੂਰੀ ਮੇਰੀ ਆਸ ॥ ਕਿਲਵਿਖ ਕਾਟੇ ਸਾਧਸੰਗਿ ॥ ਨਾਮੁ ਜਪਿਓ ਹਰਿ ਨਾਮ ਰੰਗਿ ॥ ੧॥ ਗੁਰ ਪਰਸਾਦਿ ਬਸੰਤੁ ਬਨਾ ॥ ਚਰਨ ਕਮਲ ਹਿਰਦੈ ਉਰਿ ਧਾਰੇ ਸਦਾ ਸਦਾ ਹਰਿ ਜਸੁ ਸੁਨਾ ॥੧॥ ਰਹਾਉ ॥ ਸਮਰਥ ਸੁਆਮੀ ਕਾਰਣ ਕਰਣ ॥ ਮੋਹਿ ਅਨਾਥ ਪ੍ਰਭ ਤੇਰੀ ਸਰਣ ॥ ਜੀਅ ਜੰਤ ਤੇਰੇ ਆਧਾਰਿ ॥ ਕਰਿ ਕਿਰਪਾ ਪ੍ਰਭ ਲੇਹਿ ਨਿਸਤਾਰਿ ॥੨॥ ਭਵ ਖੰਡਨ ਦੁਖ ਨਾਸ ਦੇਵ ॥ ਸੁਰਿ ਨਰ ਮੁਨਿ ਜਨ ਤਾ ਕੀ ਸੇਵ ॥ ਧਰਣਿ ਅਕਾਸੁ ਜਾ ਕੀ ਕਲਾ ਮਾਹਿ ॥ ਤੇਰਾ ਦੀਆ ਸਭਿ ਜੰਤ ਖਾਹਿ ॥੩॥ ਅੰਤਰਜਾਮੀ ਪ੍ਰਭ ਦਇਆਲ ॥ ਅਪਣੇ ਦਾਸ ਕਉ ਨਦਰਿ ਨਿਹਾਲਿ ॥ ਕਰਿ ਕਿਰਪਾ ਮੋਹਿ ਦੇਹੁ ਦਾਨੁ ॥ ਜਪਿ ਜੀਵੈ ਨਾਨਕੁ ਤੇਰੋ ਨਾਮੁ ॥੪॥੧੦॥ {ਪੰਨਾ 1182-1183}

ਪਦਅਰਥ:- ਭੀਤਰਿ—ਅੰਦਰ, ਵਿਚ। ਪਿਆਸ—ਤਾਂਘ। ਗੁਰਿ—ਗੁਰੂ ਨੇ। ਦਇਆਲਿ—ਦਇਆਲ ਨੇ। ਕਿਲਵਿਖ—ਪਾਪ। ਸਾਧ ਸੰਗਿ—ਸਾਧ ਸੰਗਤਿ ਵਿਚ। ਨਾਮ—ਰੰਗਿ—ਨਾਮ ਦੇ ਪਿਆਰ ਵਿਚ।1।

ਗੁਰ ਪਰਸਾਦਿ—ਗੁਰੂ ਦੀ ਕਿਰਪਾ ਨਾਲ। ਬਸੰਤੁ—ਖਿੜਾਉ। ਚਰਨ ਕਮਲ—ਕੌਲ ਫੁੱਲਾਂ ਵਰਗੇ ਸੋਹਣੇ ਚਰਨ। ਹਿਰਦੈ—ਹਿਰਦੇ ਵਿਚ। ਉਰਿ—{ars`} ਛਾਤੀ ਵਿਚ। ਜਸੁ—ਸਿਫ਼ਤਿ ਸਾਲਾਹ।1। ਰਹਾਉ।

ਸਮਰਥ—ਹੇ ਸਭ ਤਾਕਤਾਂ ਦੇ ਮਾਲਕ! ਸੁਆਮੀ—ਹੇ ਮਾਲਕ! ਕਾਰਣ ਕਰਣ—ਹੇ ਕਰਣ ਦੇ ਕਾਰਨ! ਹੇ ਜਗਤ ਦੇ ਮੂਲ! ਮੋਹਿ—ਮੈਂ। ਪ੍ਰਭ—ਹੇ ਪ੍ਰਭੂ! ਆਧਾਰਿ—ਆਸਰੇ ਵਿਚ। ਕਰਿ—ਕਰ ਕੇ। ਪ੍ਰਭ—ਹੇ ਪ੍ਰਭੂ! ਲੇਹਿ ਨਿਸਤਾਰਿ—ਪਾਰ ਲੰਘਾ ਲੈ।2।

ਭਵ ਖੰਡਨ—ਹੇ ਜਨਮ ਮਰਨ ਦਾ ਗੇੜ ਕੱਟਣ ਵਾਲੇ। ਦੇਵ—ਹੇ ਪ੍ਰਕਾਸ਼-ਰੂਪ। ਸੁਰਿ ਨਰ—ਦੈਵੀ ਗੁਣਾਂ ਵਾਲੇ ਮਨੁੱਖ। ਤਾ ਕੀ—ਉਸ (ਪਰਮਾਤਮਾ) ਦੀ। ਸੇਵ—ਭਗਤੀ। ਧਰਣਿ—ਧਰਤੀ। ਜਾ ਕੀ—ਜਿਸ (ਪਰਮਾਤਮਾ) ਦੀ। ਕਲਾ—ਸੱਤਿਆ। ਸਭਿ—ਸਾਰੇ। ਖਾਹਿ—ਖਾਂਦੇ ਹਨ {ਬਹੁ-ਵਚਨ}। ਨਿਹਾਲਿ—ਵੇਖ।3।

ਅੰਤਰਜਾਮੀ—ਹੇ ਸਭ ਦੇ ਦਿਲ ਦੀ ਜਾਣਨ ਵਾਲੇ! ਕਉ—ਨੂੰ। ਨਦਰਿ—ਮਿਹਰ ਦੀ ਨਿਗਾਹ। ਕਰਿ—ਕਰ ਕੇ। ਮੋਹਿ—ਮੈਨੂੰ। ਜਪਿ—ਜਪ ਕੇ। ਜੀਵੈ—ਆਤਮਕ ਜੀਵਨ ਪ੍ਰਾਪਤ ਕਰੇ।4।

ਅਰਥ:- ਹੇ ਭਾਈ! ਗੁਰੂ ਦੀ ਕਿਰਪਾ ਨਾਲ (ਮੇਰੇ ਅੰਦਰ) ਬਸੰਤ (ਰੁੱਤ ਵਾਲਾ ਖਿੜਾਉ) ਬਣ ਗਿਆ ਹੈ। (ਗੁਰੂ ਦੀ ਮਿਹਰ ਨਾਲ) ਮੈਂ ਪਰਮਾਤਮਾ ਦੇ ਸੋਹਣੇ ਚਰਨ ਆਪਣੇ ਹਿਰਦੇ ਦਿਲ ਵਿਚ ਵਸਾ ਲਏ ਹਨ। ਹੁਣ ਮੈਂ ਹਰ ਵੇਲੇ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਸੁਣਦਾ ਹਾਂ।1। ਰਹਾਉ।

ਹੇ ਭਾਈ! ਦਇਆਵਾਨ ਗੁਰੂ ਨੇ ਮੇਰੀ (ਚਿਰਾਂ ਦੀ) ਆਸ ਪੂਰੀ ਕਰ ਦਿੱਤੀ ਹੈ। (ਹੁਣ) ਮੇਰੇ ਮਨ ਵਿਚ ਮੇਰੇ ਤਨ ਵਿਚ (ਹਰਿ-ਨਾਮ ਦੀ) ਲਗਨ ਬਣ ਗਈ ਹੈ। ਗੁਰੂ ਦੀ ਸੰਗਤਿ ਵਿਚ (ਮੇਰੇ ਸਾਰੇ) ਪਾਪ ਕੱਟੇ ਗਏ ਹਨ (ਕਿਉਂਕਿ ਗੁਰੂ ਦੀ ਕਿਰਪਾ ਨਾਲ) ਮੈਂ ਪ੍ਰੇਮ-ਰੰਗ ਵਿਚ ਟਿਕ ਕੇ ਪਰਮਾਤਮਾ ਦਾ ਨਾਮ ਜਪ ਰਿਹਾ ਹਾਂ।1।

ਹੇ ਸਭ ਤਾਕਤਾਂ ਦੇ ਮਾਲਕ! ਹੇ ਸੁਆਮੀ! ਹੇ ਜਗਤ ਦੇ ਮੂਲ! ਹੇ ਪ੍ਰਭੂ! ਮੈਂ ਅਨਾਥ ਤੇਰੀ ਸਰਨ ਆਇਆ ਹਾਂ। ਹੇ ਪ੍ਰਭੂ! ਸਾਰੇ ਜੀਅ ਜੰਤ ਤੇਰੇ ਹੀ ਆਸਰੇ ਹਨ, ਮਿਹਰ ਕਰ ਕੇ (ਇਹਨਾਂ ਨੂੰ ਸੰਸਾਰ-ਸਮੁੰਦਰ ਤੋਂ) ਪਾਰ ਲੰਘਾ ਲੈ।2।

ਹੇ ਜਨਮ ਮਰਨ ਦਾ ਗੇੜ ਕੱਟਣ ਵਾਲੇ! ਹੇ ਦੁੱਖਾਂ ਦਾ ਨਾਸ ਕਰਨ ਵਾਲੇ! ਹੇ ਚਾਨਣ-ਰੂਪ! ਸਾਰੇ ਜੀਵ ਤੇਰਾ ਦਿੱਤਾ (ਅੰਨ) ਖਾਂਦੇ ਹਨ। ਹੇ ਭਾਈ! ਧਰਤੀ ਅਤੇ ਆਕਾਸ਼ ਜਿਸ (ਪਰਮਾਤਮਾ) ਦੀ ਸੱਤਿਆ ਦੇ ਆਸਰੇ ਟਿਕੇ ਹੋਏ ਹਨ, ਦੈਵੀ ਗੁਣਾਂ ਵਾਲੇ ਮਨੁੱਖ ਅਤੇ ਮੁਨੀ ਲੋਕ ਉਸ ਦੀ ਸੇਵਾ-ਭਗਤੀ ਕਰਦੇ ਹਨ।3।

ਹੇ ਸਭ ਦੇ ਦਿਲਾਂ ਦੀ ਜਾਣਨ ਵਾਲੇ ਦਇਆਲ ਪ੍ਰਭੂ! ਆਪਣੇ ਦਾਸ ਨੂੰ ਮਿਹਰ ਦੀ ਨਿਗਾਹ ਨਾਲ ਵੇਖ। ਮਿਹਰ ਕਰ

ਕੇ ਮੈਨੂੰ (ਇਹ) ਦਾਨ ਦੇਹ ਕਿ (ਤੇਰਾ ਦਾਸ) ਨਾਨਕ ਤੇਰਾ ਨਾਮ ਜਪ ਕੇ ਆਤਮਕ ਜੀਵਨ ਪ੍ਰਾਪਤ ਕਰੇ।4।10।